# ਦਫਤਰ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਮੈਜਿਸਟਰੇਟ,ਫਿਰੋਜਪੁਰ।

(ਫੁਟਕਲ ਸ਼ਾਖਾ)

ਹੁਕਮ ਨੰ:ਫਸ/ 421

ਸਾਲ 2020 ਦੌਰਾਨ ਕਣਕ ਦੀ ਫਸਲ ਦੀ ਕਟਾਈ ਸ਼ੁਰੂ ਹੋ ਚੁੱਕੀ ਹੈ। ਆਮ ਤੌਰ ਤੇ ਵੇਖਣ ਵਿੱਚ ਆਇਆ ਹੈ ਕਿ ਜਮੀਨ ਮਾਲਕਾਂ ਵੱਲੋਂ ਕਣਕ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ ਅਤੇ ਵਾਤਾਵਰਣ, ਤੇ ਮਾੜਾ ਅਸਰ ਪੈਂਦਾ ਹੈ। ਇਸ ਧੂੰਏ ਕਾਰਨ ਆਮ ਪਬਲਿਕ/ਬੱਚਿਆਂ ਦੀ ਸਿਹਤ ਤੇ ਮਾੜਾ ਅਸਰ ਪੈਣ ਦਾ ਅਤੇ ਬੀਮਾਰੀਆਂ ਲੱਗਣ ਦਾ ਡਰ ਬਣਿਆ ਰਹਿੰਦਾ ਹੈ। ਅੱਗ ਨਾਲ ਆਲੇ-ਦੁਆਲੇ ਖੜੀ ਫਸਲ ਦਾ ਨੁਕਸਾਨ ਹੋਣ ਦਾ ਵੀ ਡਰ ਰਹਿੰਦਾ ਹੈ। ਇਸ ਤੋਂ ਇਲਾਵਾ ਦੁਰਲਭ ਅਤੇ ਲਾਭਦਾਇਕ ਜੀਵ-ਜੰਤੂਆਂ ਦੀ ਵਿਰਾਸਤ ਦਾ ਸਰਮਾਇਆ ਖਤਮ ਹੋ ਜਾਂਦਾ ਹੈ ਸੜਕ ਦੇ ਨਾਲ ਲੱਗਦੇ ਖੇਤਾਂ ਵਿੱਚ ਅੱਗ ਲਾਉਣ ਕਾਰਨ ਸੜਕ ਉਪਰ ਸੰਘਣਾ ਧੂੰਆਂ ਹੋਣ ਕਾਰਣ ਆਵਾਜਾਈ ਵਿੱਚ ਵਿਘਨ ਪੈਂਦਾ ਹੈ ਅਤੇ ਵੱਡੀ ਦੁਰਘਟਨਾ ਹੋ ਸਕਦੀ ਹੈ, ਜਿਸ ਨਾਲ ਜਾਨੀ ਤੇ ਮਾਲੀ ਨੁਕਸਾਨ ਹੋਣ ਦਾ ਖਤਰਾ ਰਹਿੰਦਾ ਹੈ। ਇਸ ਤਰ੍ਹਾਂ ਨਾਲ ਅਮਨ-ਕਾਨੂੰਨ ਦੀ ਸਥਿੱਤੀ ਨੂੰ ਖਤਰਾ ਪੈਦਾ ਹੋ ਸਕਦਾ ਹੈ।

**ਇਸ ਲਈ ਮੈ, ਕੁਲਵੰਤ ਸਿੰਘ, IAS, ਜਿਲ੍ਹਾ ਮੈਜਿਸਟਰੇਟ, ਫਿਰੋਜ਼ਪੁਰ ਫੌਜਦਾਰੀ ਜਾਬਤਾ, ਸੰਘਤਾ 1973 (2 ਆਫ 1972) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਿਲ੍ਹਾ ਫਿਰੋਜਪੁਰ ਵਿੱਚ ਕਣਕ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦਾ ਹਾਂ।**

ਇਹ ਹੁਕਮ ਮੌਜੂਦਾ ਸਥਿਤੀ ਨੂੰ ਮੁੱਖ ਰੱਖਦੇ ਹੋਈ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਲੋਕਾਂ ਦੇ ਨਾਮ ਜਾਰੀ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 15.04.2020 ਤੋਂ 15.06.2020 ਤੱਕ ਲਾਗੂ ਰਹੇਗਾ।

ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫਸਰ ਫਿਰੋਜ਼ਪੁਰ ਦੀ ਪ੍ਰਚਾਰ ਗੱਡੀ ਰਾਹੀਂ ਪ੍ਰਚਾਰ ਕਰਕੇ, ਦੂਰਦਰਸ਼ਨ/ਅਕਾਸ਼ਵਾਣੀ ਦੀਆਂ ਖਬਰਾਂ ਰਾਹੀਂ ਘੋਸ਼ਣਾ ਕਰਵਾ ਕੇ ਲਾਗੂ ਕੀਤਾ ਜਾਵੇਗਾ। ਇਸ ਹੁਕਮ ਦੀਆਂ ਕਾਪੀਆਂ ਦਫਤਰ ਜਿਲ੍ਹਾ ਮੈਜਿਸਟਰੇਟ ਫਿਰੋਜਪੁਰ, ਸੀਨੀਅਰ ਕਪਤਾਨ ਪੁਲਿਸ, ਉਪ ਮੰਡਲ ਮੈਜਿਸਟਰੇਟ/ ਤਹਿਸੀਲਦਾਰ/ ਬੀ.ਡੀ.ਪੀ.ਓਜ਼./ ਨਗਰ ਪਾਲਿਕਾਵਾਂ/ ਮਾਰਕੀਟ ਕਮੇਟੀਆਂ, ਪੁਲਿਸ ਸਟੇਸ਼ਨਾ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਫਿਰੋਜ਼ਪੁਰ ਦੀਆਂ ਉੱਘਿਆਂ ਥਾਵਾਂ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣਗੀਆਂ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ 15/04/2020 ਨੂੰ ਜਾਰੀ ਕੀਤਾ ਗਿਆ।

DISTRICT MAGISTRATE FEROZEPUR

ਜਿਲ੍ਹਾ ਮੈਜਿਸਟਰੇਟ,
ਫਿਰੋਜ਼ਪੁਰ।

ਪਿ੍ਠ ਅੰਕਣ ਨੰ:ਫਸ/ਫਕ-1/2020/ 1044 ਮਿਤੀ: 15/04/2020

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2. ਪ੍ਰਮੁੱਖ ਸਕੱਤਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ, ਚੰਡੀਗੜ੍ਹ
3. ਡਾਇਰੈਕਟਰ, ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਚੰਡੀਗੜ੍ਹ
4. ਮੈਬਂਰ ਸਕੱਤਰ, ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ,
5 ਕਮਿਸ਼ਨਰ, ਫਿਰੋਜ਼ਪਰੁ ਮੰਡਲ, ਫਿਰੋਜ਼ਪੁਰ
6 ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਫਿਰੋਜ਼ਪੁਰ ਰੇਂਜ, ਫਿਰੋਜ਼ਪੁਰ
7 ਸੀਨੀਅਰ ਕਪਤਾਨ ਪੁਲਿਸ, ਫਿਰੋਜ਼ਪੁਰ
8 ਜਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਫਿਰੋਜ਼ਪੁਰ
09. ਜਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜਪੁਰ
10. ਸਕੱਤਰ, ਆਰ.ਟੀ.ਏ., ਫਿਰੋਜਪੁਰ
11. ਉਪ ਮੰਡਲ ਮੈਜਿਸਟਰੇਟ, ਫਿਰੋਜ਼ਪੁਰ/ ਗੁਰੂਹਰਸਹਾਏ/ ਜੀਰਾ
12. ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਫਿਰੋਜ਼ਪੁਰ
13. ਮੁੱਖ ਖੇਤੀਬਾੜੀ ਅਫਸਰ, ਫਿਰੋਜ਼ਪੁਰ
14. ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ ਜਿਲ੍ਹਾ ਫਿਰੋਜ਼ਪੁਰ
15. ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜਿਲ੍ਹਾ ਫਿਰੋਜ਼ਪੁਰ
16. ਸਮੂਹ ਸਕੱਤਰ, ਮਾਰਕੀਟ ਕਮੇਟੀ, ਜਿਲ੍ਹਾ ਫਿਰੋਜ਼ਪੁਰ
17. ਸਮੂਹ ਕਾਰਜ ਸਾਧਕ ਅਫਸਰ, ਨਗਰ ਕੌਸਲ, ਜਿਲ੍ਹਾ ਫਿਰੋਜ਼ਪੁਰ ਪਾਸ ਸ਼ਹਿਰਾਂ ਵਿੱਚ ਮੁਨਾਦੀ ਕਰਵਾਉਣ ਹਿੱਤ

ਜਿਲ੍ਹਾ ਮੈਜਿਸਟਰੇਟ,
ਫਿਰੋਜ਼ਪੁਰ।

ਕਾਪੀ: ਪੀ.ਏ. ਟੂ ਡੀ.ਸੀ./ ਸਟੈਨੋ ਟੂ ਏ.ਡੀ.ਸੀ.।

Scanned with CamScanner